# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :25-08-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਡਿਜੀਟਲ ਅਦਾਇਗੀ ਦੀ ਕਾਇਆ ਕਲਪ ਕਰਦਿਆਂ, ਯੂਨੀਫਾਈਡ ਪੇਮੈਂਟਸ ਇੰਟਰਫੇਸ (UPI) ਨੇ 10 ਸਾਲ ਪੂਰੇ ਕੀਤੇ -ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ -ਹਰ ਭਾਰਤੀ ਨੂੰ ਦੇਸ਼ ਦੀ ਇਸ ਡਿਜੀਟਲ ਕ੍ਰਾਂਤੀ 'ਤੇ ਮਾਣ ਹੋਣਾ ਚਾਹੀਦਾ ਏ।
- ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਨਾਲ ਨੌਜੁਆਨਾਂ ਦੀਆਂ ਰੋਜ਼ਾਨਾ ਹੋ ਰਹੀਆਂ ਮੌਤਾਂ ਵੱਡੀ ਚਿੰਤਾ ਦਾ ਵਿਸ਼ਾ ਏ ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ - ਸੂਬੇ ਵਿੱਚ ਖੰਡ ਦੀ ਕੋਈ ਘਾਟ ਨਹੀਂ, ਸਰਕਾਰ ਨੇ ਭੰਡਾਰ ਅਤੇ ਸਪਲਾਈ ’ਤੇ ਨਿਰੰਤਰ ਨਜ਼ਰ ਰੱਖੀ ਰਹੀ ਏ ।

- ਪੰਜਾਬ ਸਰਕਾਰ ਵਲੋਂ ਬਿਜਲੀ ਖਪਤਕਾਰਾਂ ਲਈ ਵੱਡੀ ਰਾਹਤ ਦਾ ਐਲਾਨ -ਮੀਟਰ ਰੀਡਰਾਂ ਦੀ ਹੜਤਾਲ ਦੌਰਾਨ ਆਰਜ਼ੀ ਬਿੱਲਿੰਗ ਤੋਂ ਪ੍ਰਭਾਵਿਤ ਖਪਤਕਾਰਾਂ ਨੂੰ 300 ਯੂਨਿਟ ਮੁਫ਼ਤ ਬਿਜਲੀ ਲਾਭ ਮਿਲੇਗਾ।
- ਸ਼੍ਰੀਲੰਕਾ ਨੇ ਕੋਲੰਬੋ ਵਿੱਚ ਭਾਰਤ ਖਿਲਾਫ ਖੇਡੇ ਜਾ ਰਹੇ ਦੂਜੇ ਅਤੇ ਆਖਰੀ ਕ੍ਰਿਕੇਟ ਟੈਸਟ ਮੈਚ ਦੇ ਤੀਜੇ ਦਿਨ ਦੀ ਖੇਡ ਖ਼ਤਮ ਹੋਣ ਤੱਕ, 8 ਵਿਕਟਾਂ ਦੇ ਨੁਕਸਾਨ 'ਤੇ 265 ਦੌੜਾਂ ਬਣਾਈਆਂ।

---------------------------------------------------------------------

ਡਿਜੀਟਲ ਅਦਾਇਗੀ ਦੀ ਕਾਇਆ ਕਲਪ ਕਰਦਿਆਂ, ਯੂਨੀਫਾਈਡ ਪੇਮੈਂਟਸ ਇੰਟਰਫੇਸ (UPI) ਨੇ 10 ਸਾਲ ਪੂਰੇ ਕਰ ਲਏ ਨੇ। 2016 ਵਿੱਚ ਅੱਜ ਦੇ ਦਿਨ ਸ਼ੁਰੂ ਕੀਤਾ ਗਿਆ UPI ਭਾਰਤ ਦੇ ਡਿਜੀਟਲ ਜਨਤਕ ਬੁਨਿਆਦੀ ਢਾਂਚੇ ਦੇ ਸਭ ਤੋਂ ਸਫਲ ਥੰਮ੍ਹਾਂ ਵਿੱਚੋਂ ਇੱਕ ਵਜੋਂ ਉਭਰਿਆ ਏ। UPI ਨੇ ਆਪਸ ਵਿੱਚ ਜੁੜੇ ਅਤੇ ਅਸਲ-ਸਮੇਂ ਦੇ ਅਦਾਇਗੀਆਂ ਦੀ ਸਹੂਲਤ ਉਪਲਬਧ ਕਰਾਈ ਏ। UPI ਲੈਣ-ਦੇਣ ਵਿੱਚ, ਲਗਭਗ 13 ਹਜ਼ਾਰ ਗੁਣਾ ਵਾਧਾ ਹੋਇਆ ਏ। ਵਿੱਤ ਮੰਤਰਾਲੇ ਅਨੁਸਾਰ, 2016-17 ਵਿੱਚ ਸਿਰਫ ਇੱਕ ਕਰੋੜ 78 ਲੱਖ ਲੈਣ-ਦੇਣ ਹੋਏ ਸਨ, ਜੋ 2025-26

ਵਿੱਚ ਵੱਧ ਕੇ, 24,162 ਕਰੋੜ ਤੋਂ ਵੱਧ ਹੋ ਗਏ ਨੇ। ਇਸੇ ਸਮੇਂ ਦੌਰਾਨ, ਲੈਣ-ਦੇਣ ਦੀ ਕੀਮਤ ਵੀ 7 ਹਜ਼ਾਰ ਕਰੋੜ ਰੁਪਏ ਤੋਂ ਵੱਧ ਕੇ, ਲਗਭਗ 314 ਲੱਖ ਕਰੋੜ ਰੁਪਏ ਹੋ ਗਈ ਏ। ਸਾਡੇ ਪੱਤਰਕਾਰ ਨੇ ਦੱਸਿਆ ਏ ਕਿ, UPI ਨੇ ਡਿਜੀਟਲ ਪਾੜੇ ਨੂੰ ਪੂਰਾ ਕਰਨ, ਵਿੱਤੀ ਸਮਾਵੇਸ਼ ਨੂੰ ਉਤਸ਼ਾਹਿਤ ਕਰਨ ਅਤੇ ਡਿਜੀਟਲ ਵਿੱਤੀ ਸੇਵਾਵਾਂ ਤੱਕ ਪਹੁੰਚ ਵਧਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਏ। ਇਸਨੇ ਦੇਸ਼ ਭਰ ਦੇ ਲੋਕਾਂ ਅਤੇ ਭਾਈਚਾਰਿਆਂ ਨੂੰ ਸਮਰੱਥ ਬਣਾਇਆ ਏ ਅਤੇ ਵਿਆਪਕ ਆਰਥਿਕ ਭਾਗੀਦਾਰੀ ਨੂੰ ਉਤਸ਼ਾਹਿਤ ਕੀਤਾ ਏ।

-----------------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ UPI ਦੇ 10 ਸਾਲ ਪੂਰੇ ਹੋਣ 'ਤੇ ਕਿਹਾ ਏ ਕਿ, ਹਰ ਭਾਰਤੀ ਨੂੰ ਦੇਸ਼ ਦੀ ਇਸ ਡਿਜੀਟਲ ਕ੍ਰਾਂਤੀ 'ਤੇ ਮਾਣ ਹੋਣਾ ਚਾਹੀਦਾ ਏ। ਉਨ੍ਹਾਂ ਕਿਹਾ ਕਿ UPI ਸਿਸਟਮ ਦੀ ਸ਼ੁਰੂਆਤ, ਭਾਰਤ ਦੇ ਡਿਜੀਟਲ ਅਦਾਇਗੀ ਇਤਿਹਾਸ ਵਿੱਚ ਸਭ ਤੋਂ ਵੱਡਾ ਪਲ ਰਿਹਾ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ UPI ਇੱਕ ਦਹਾਕਾ ਪਹਿਲਾਂ ਸ਼ੁਰੂ ਕੀਤਾ ਗਿਆ ਸੀ ਅਤੇ ਇਹ ਭਾਰਤ ਦੀ ਡਿਜੀਟਲ ਭੁਗਤਾਨ ਯਾਤਰਾ ਵਿੱਚ ਹੁਣ ਤੱਕ ਦਾ ਸਭ ਤੋਂ ਫੈਸਲਾਕੁੰਨ ਫੈਸਲਾ ਸਾਬਤ ਹੋਇਆ

ਏ। ਹਰ ਭਾਰਤੀ ਨੂੰ UPI ਦੇ ਵਿਆਪਕ ਪੱਧਰ ਅਤੇ ਪਹੁੰਚ 'ਤੇ ਮਾਣ ਹੋਣਾ ਚਾਹੀਦਾ ਏ।

-----------------------------------------------------------------

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਪੰਜਾਬ ਦੀ ਧਰਤੀ ’ਤੇ ਨਸ਼ਿਆਂ ਨਾਲ ਨੌਜੁਆਨਾਂ ਦੀਆਂ ਰੋਜ਼ਾਨਾ ਹੋ ਰਹੀਆਂ ਮੌਤਾਂ ਵੱਡੀ ਚਿੰਤਾ ਦੀ ਗੱਲ ਏ । ਉਨ੍ਹਾਂ ਕਿਹਾ ਕਿ ਸਰਕਾਰ ਨਸ਼ੇ ਵਿਰੁੱਧ ਯੁੱਧ ਦੀ ਗੱਲ ਤਾਂ ਕਰਦੀ ਏ ਪਰ ਹਕੀਕਤ ਵਿਚ ਨਸ਼ੇ ਰੋਕਣ ਲਈ ਜ਼ਮੀਨੀ ਪੱਧਰ ’ਤੇ ਕੋਈ ਕਾਰਗੁਜ਼ਾਰੀ ਨਜ਼ਰ ਨਹੀਂ ਆ ਰਹੀ। ਚਿੱਟੇ ਵਰਗੇ ਨਸ਼ੇ ਨਾਲ ਰੋਜ਼ਾਨਾ ਅਨਮੂਲੀਆਂ ਜਾਨਾਂ ਜਾ ਰਹੀਆਂ ਹਨ। ਓਹਨਾ  ਕਿਹਾ ਕੇ ਸ਼ਾਇਦ ਹੀ ਕੋਈ ਪਿੰਡ ਅਜਿਹਾ ਹੋਵੇ, ਜਿਥੇ ਨਸ਼ੇ ਨਾਲ ਕੋਈ ਮੌਤ ਨਾ ਹੋਈ ਹੋਵੇ। ਅੱਜ ਬਰਨਾਲਾ ਤੋਂ ਮੀਰੀ ਪੀਰੀ ਖ਼ਾਲਸਾ ਮਾਰਚ ਨੂੰ ਦੂਸਰੇ ਪੜਾਅ ਤਹਿਤ ਗੁਰਦੁਆਰਾ ਬੀਬੀ ਪ੍ਰਧਾਨ ਕੌਰ ਜੀ ਤੋਂ  ਰਵਾਨਾਂ ਕਰਦਿਆਂ ਜਥੇਦਾਰ ਨੇ ਕਿਹਾ ਕਿ ਖ਼ਾਲਸਾ ਮਾਰਚ ਦਾ ਮਕਸਦ ਨੌਜੁਆਨਾਂ ਨੂੰ ਨਸ਼ਿਆਂ ਤੋਂ ਦੂਰ ਕਰਕੇ ਗੁਰਬਾਣੀ ਅਤੇ ਗੁਰਮਤਿ ਨਾਲ ਜੋੜਨਾ ਏ । ਉਨ੍ਹਾਂ ਕਿਹਾ ਕਿ ਅੱਜ ਸਰਕਾਰਾਂ ਦੀ ਝਾਕ ਛੱਡ ਕੇ ਖ਼ੁਦ ਨਸ਼ੇ ਵਿਰੁੱਧ ਇਕਜੁਟ ਹੋਣ ਦੀ ਲੋੜ ਏ । ਉਨ੍ਹਾਂ ਕਿਹਾ ਕਿ ਪੰਜਾਬ ਦੀ

ਜਵਾਨੀ ਵਿਚ ਬੇਅੰਤ ਸਮਰੱਥਾ ਏ ਜੋ ਮਿਹਨਤ ਨਾਲ ਪੰਜਾਬ ਦਾ ਭਵਿੱਖ ਬਦਲ ਸਕਦੀ ਏ। byte--

ਇਸ ਮੌਕੇ ਸ਼੍ਰੋਮਣੀ ਗੁਰਦਵਾਰੇ ਪ੍ਰਬੰਧਕ ਕਮੇਟੀ ਦੇ ਪ੍ਰਧਾਨ, ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਜਦੋਂ ਸਰਕਾਰਾਂ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਣ ਤੋਂ ਮੁਨਕਰ ਹੋ ਜਾਣ ਤਾਂ ਧਾਰਮਿਕ ਸੰਸਥਾਵਾਂ ਆਪਣਾ ਫ਼ਰਜ਼ ਸਮਝ ਕੇ ਸਮਾਜਕ ਬੁਰਾਈਆਂ ਵਿਰੁੱਧ ਲੋਕਾਂ ਨੂੰ ਜਾਗਰੂਕ ਕਰਨ ਦਾ ਕਾਰਜ ਕਰਦੀਆਂ ਨੇ। ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਟੇਕ ਸਿੰਘ ਨੇ ਕਿਹਾ ਕਿ ਅੱਜ ਸਮੇਂ ਦੀ ਵੱਡੀ ਲੋੜ ਏ ਕਿ ਅਸੀਂ ਆਪਣੇ ਬੱਚਿਆਂ ਨੂੰ ਮਾੜੀ ਸੰਗਤ ਅਤੇ ਨਸ਼ਿਆਂ ਦੇ ਪ੍ਰਭਾਵ ਤੋਂ ਬਚਾਈਏ। ਉਨ੍ਹਾਂ ਕਿਹਾ ਕਿ ਅੱਜ ਮਾਪਿਆਂ ਨੂੰ ਬੱਚਿਆਂ ਪ੍ਰਤੀ ਹੋਰ ਸੁਚੇਤ ਹੋਣ ਦੀ ਜਰੂਰਤ ਏ।

---------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬੇ ਵਿੱਚ ਖੰਡ ਦੀ ਕੋਈ ਘਾਟ ਨਹੀਂ ਏ ਅਤੇ ਸਰਕਾਰ ਆਮ ਲੋਕਾਂ ਦੇ ਹਿੱਤਾਂ ਦੀ ਰਾਖੀ ਲਈ ਇਸ ਦੇ ਭੰਡਾਰ, ਵਿਕਰੀ ਅਤੇ ਸਪਲਾਈ ’ਤੇ ਲਗਾਤਾਰ ਨਜ਼ਰ ਰੱਖ ਰਹੀ ਏ। ਉਨ੍ਹਾਂ ਨੇ ਅਧਿਕਾਰੀਆਂ ਨੂੰ ਹੁਕਮ ਦਿੱਤੇ ਕਿ ਇਸ ਜ਼ਰੂਰੀ ਵਸਤਾਂ ਦੀ ਢੁਕਵੀਂ ਉਪਲਬਧਤਾ

ਯਕੀਨੀ ਬਣਾਈ ਜਾਵੇ ਅਤੇ ਬਣਾਵਟੀ ਘਾਟ ਪੈਦਾ ਕਰਨ ਜਾਂ ਜ਼ਖ਼ੀਰੇਬਾਜ਼ੀ ਕਰਨ ਦੀ ਕਿਸੇ ਵੀ ਕੋਸ਼ਿਸ਼ ਖਿਲ਼ਾਫ ਸਖ਼ਤ ਕਾਰਵਾਈ ਕੀਤੀ ਜਾਵੇ। ਸੀਨੀਅਰ ਅਧਿਕਾਰੀਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਅਧਿਕਾਰੀਆਂ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਏ  ਕਿ ਹਰ ਸਮੇਂ ਲੋੜੀਂਦਾ ਭੰਡਾਰ ਬਰਕਰਾਰ ਰਹੇ। ਖੰਡ ਹਰ ਘਰ ਲਈ ਇੱਕ ਜ਼ਰੂਰੀ ਵਸਤੂ ਏ ਅਤੇ ਇਸ ਦੀ ਉਪਲਬਧਤਾ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਅਧਿਕਾਰੀਆਂ ਨੂੰ ਖੰਡ ਦੀ ਮੌਜੂਦਗੀ ਬਾਰੇ ਲੋਕਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਘਬਰਾਹਟ ਜਾਂ ਗਲਤਫਹਿਮੀ ਨੂੰ ਦੂਰ ਕਰਨ ਲਈ ਵੀ ਪ੍ਰਭਾਵਸ਼ਾਲੀ ਕਦਮ ਚੁੱਕਣੇ ਚਾਹੀਦੇ ਹਨ। ਮੁੱਖ ਮੰਤਰੀ ਨੇ ਕਿਹਾ ਕਿ ਖਰਾਬ ਮੌਸਮ ਕਾਰਨ 2025-26 ਦੌਰਾਨ ਪੰਜਾਬ ਸਮੇਤ ਪੂਰੇ ਦੇਸ਼ ਵਿੱਚ ਗੰਨੇ ਦੇ ਉਤਪਾਦਨ ਵਿੱਚ ਗਿਰਾਵਟ ਆਈ ਸੀ। ਹਾਲਾਂਕਿ, ਉਨ੍ਹਾਂ ਕਿਹਾ ਕਿ ਘੱਟ ਝਾੜ ਦੇ ਬਾਵਜੂਦ ਪੰਜਾਬ ਕੋਲ ਖੰਡ ਦਾ ਢੁਕਵਾਂ ਭੰਡਾਰ ਏ ਅਤੇ ਸੂਬੇ ਵਿੱਚ ਕੋਈ ਚਿੰਤਾਜਨਕ ਸਥਿਤੀ ਨਹੀਂ ਏ । ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਖੰਡ ਮਿੱਲਾਂ ਕੋਲ ਮੌਜੂਦ ਖੰਡ ਦੇ ਭੰਡਾਰ ਦੀ ਮੌਕੇ ’ਤੇ ਤਸਦੀਕ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਫੂਡ ਸਟਾਕ ਮੌਨੀਟਰਿੰਗ ਪੋਰਟਲ 'ਤੇ

ਰਜਿਸਟ੍ਰੇਸ਼ਨ ਅਤੇ ਹਫ਼ਤਾਵਾਰੀ ਰਿਪੋਰਟਿੰਗ ਯਕੀਨੀ ਬਣਾਉਣ ਤੋਂ ਇਲਾਵਾ ਖੰਡ ਦੀ ਭੰਡਾਰ ਹੱਦ ਨੂੰ ਵੀ ਸਖ਼ਤੀ ਨਾਲ ਲਾਗੂ ਕਰਨ ਲਈ ਕਿਹਾ। ਇਸੇ ਤਰ੍ਹਾਂ ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਖੰਡ ਦੇ ਥੋਕ ਖਪਤਕਾਰਾਂ 'ਤੇ  ਭੰਡਾਰ ਹੱਦ ਨੂੰ ਸਖ਼ਤੀ ਨਾਲ ਲਾਗੂ ਕਰਨ ਦੇ ਨਿਰਦੇਸ਼ ਦਿੱਤੇ।

------------------------------------------------------------

ਪੰਜਾਬ ਸਰਕਾਰ ਨੇ ਬਿਜਲੀ ਖਪਤਕਾਰਾਂ ਲਈ ਇੱਕ ਵੱਡੀ ਰਾਹਤ ਵਜੋਂ, ਇਹ ਯਕੀਨੀ ਬਣਾਉਣ ਲਈ ਵਿਸ਼ੇਸ਼ ਉਪਾਵਾਂ ਦਾ ਐਲਾਨ ਕੀਤਾ ਏ  ਕਿ ਕੋਈ ਵੀ ਯੋਗ ਖਪਤਕਾਰ ਆਰਜ਼ੀ, ਗਲਤ ਜਾਂ ਵਧੇ ਹੋਏ ਬਿੱਲਾਂ ਕਾਰਨ 300 ਮੁਫ਼ਤ ਯੂਨਿਟ ਬਿਜਲੀ ਦੇ ਲਾਭ ਤੋਂ ਨਾ ਵਾਂਝਾ ਰਹੇ। ਪੰਜਾਬ ਦੇ ਬਿਜਲੀ ਮੰਤਰੀ ਤਰੁਣਪ੍ਰੀਤ ਸਿੰਘ ਸੋਂਦ ਨੇ ਅੱਜ ਚੰਡੀਗੜ੍ਹ ਵਿੱਚ ਇੱਕ ਪ੍ਰੈਸ ਕਾਨਫਰੰਸ ਦੌਰਾਨ ਇਹ ਐਲਾਨ ਕਰਦੇ ਹੋਏ ਕਿਹਾ ਕਿ ਨਿਯਮਤ ਮੀਟਰ ਰੀਡਰਾਂ ਦੀ ਹੜਤਾਲ ਕਾਰਨ ਅਪ੍ਰੈਲ ਅਤੇ ਜੁਲਾਈ 2026 ਦੇ ਵਿਚਕਾਰ ਆਰਜ਼ੀ ਬਿੱਲਿੰਗ ਤੋਂ ਪ੍ਰਭਾਵਿਤ 63 ਹਜ਼ਾਰ 702 ਖਪਤਕਾਰਾਂ ਲਈ ਮੁਫ਼ਤ ਬਿਜਲੀ ਲਾਭ ਸੁਰੱਖਿਅਤ ਕੀਤਾ ਜਾਵੇਗਾ। ਇਸ ਦੇ ਨਾਲ ਹੀ, ਗਲਤ ਵਧੇ ਹੋਏ ਬਿੱਲ ਦੀ ਹਰ ਅਸਲ ਸ਼ਿਕਾਇਤ ਦਾ ਦੋ ਹਫ਼ਤਿਆਂ ਦੇ ਅੰਦਰ ਹੱਲ ਕਰ ਦਿੱਤਾ ਜਾਵੇਗਾ।

BYTE:RNU250826

ਉਨ੍ਹਾ ਕਿਹਾ ਕਿ ਇਸ ਬਾਰੇ ਇੱਕ ਸਮਰਪਿਤ ਹੈਲਪਲਾਈਨ ਵੀ ਜਲਦੀ ਹੀ ਜਾਰੀ ਕੀਤੀ ਜਾਵੇਗੀ, ਜਿਸ ਵਿੱਚ ਬਿਲਿੰਗ ਨਾਲ ਸਬੰਧਤ ਸ਼ਿਕਾਇਤਾਂ ਨਾਲ ਨਜਿੱਠਣ ਲਈ 20 -PSPCL ਕਰਮਚਾਰੀਆਂ ਦੀ ਇੱਕ ਵਿਸ਼ੇਸ਼ ਟੀਮ ਪਹਿਲਾਂ ਹੀ ਹੈੱਡਕੁਆਰਟਰ ਵਿੱਚ ਤਾਇਨਾਤ ਹੋਵੇਗੀ।

---------------------------------------------------------

ਜਲੰਧਰ ਸਿਵਲ ਹਸਪਤਾਲ ਆਉਣ ਵਾਲੇ ਦਿਨਾਂ ਵਿੱਚ ਇੱਕ ਵੱਡੀ ਤਬਦੀਲੀ ਵੇਖਣ ਨੂੰ ਮਿਲੇਗੀ। ਪੰਜਾਬ ਬਾਗਬਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮਹਿੰਦਰ ਭਗਤ ਦੀ ਅਗਵਾਈ ਵਾਲੀ ਰੋਗੀ ਕਲਿਆਣ ਸਮਿਤੀ ਨੇ ਜਲੰਧਰ ਸਿਵਲ ਹਸਪਤਾਲ 'ਚ ਮਰੀਜ਼ਾਂ ਲਈ ਸਿਹਤ ਸਹੂਲਤਾਂ ਨੂੰ ਬਿਹਤਰ ਬਣਾਉਣ ਲਈ ਕਈ ਵਿਕਾਸ ਪ੍ਰੋਜੈਕਟਾਂ ਨੂੰ ਮਨਜ਼ੂਰੀ ਦਿੱਤੀ ਏ। ਸਹੂਲਤਾਂ ਵਿੱਚ ਸਪੀਚ ਥੈਰੇਪੀ ਲਈ ਇੱਕ ਆਡੀਓਮੈਟਰੀ ਰੂਮ, ਪੀਡੀਆਟ੍ਰਿਕ ਵਾਰਡ ਵਿੱਚ ਬੱਚਿਆਂ ਲਈ ਖੇਡਣ ਦਾ ਖੇਤਰ ਅਤੇ ਮੈਟਰਨਿਟੀ ਵਾਰਡ ਵਿੱਚ ਵੱਖਰਾ ਕਮਰਾ ਸ਼ਾਮਲ ਏ। ਇੱਕ ਨਵਾਂ ਸਿਖਲਾਈ ਹਾਲ ਅਤੇ ਉਡੀਕ ਖੇਤਰ ਦੀ ਮੁਰੰਮਤ ਨੂੰ ਵੀ ਮਨਜ਼ੂਰੀ ਦਿੱਤੀ ਗਈ ਏ। ਭੀੜ-ਭੜੱਕੇ ਵਾਲੇ ਖੇਤਰਾਂ ਦੀ ਸੇਵਾ ਲਈ ਮੋਬਾਈਲ ਐਂਬੂਲੈਂਸਾਂ

ਨੂੰ ਵੀ ਪ੍ਰਵਾਨਗੀ ਦਿੱਤੀ ਗਈ ਅਤੇ ਮਰੀਜ਼ਾਂ ਨੂੰ ਘੱਟ ਕੀਮਤਾਂ 'ਤੇ ਦਵਾਈਆਂ ਪ੍ਰਦਾਨ ਕਰਨ ਲਈ ਜਨ ਔਸ਼ਧੀ ਕੇਂਦਰ ਨੂੰ ਮੁੜ ਚਾਲੂ ਕਰਨ ਦੀ ਪ੍ਰਵਾਨਗੀ ਦਿੱਤੀ ਗਈ। ਸ੍ਰੀ ਭਗਤ ਨੇ ਸੀਵਰੇਜ ਪਾਈਪਲਾਈਨ ਵਿਛਾਉਣ ਅਤੇ ਵਾਸ਼ਰੂਮਾਂ ਦੀ ਮੁਰੰਮਤ ਸਮੇਤ ਚੱਲ ਰਹੇ ਕੰਮਾਂ ਦੀ ਵੀ ਸਮੀਖਿਆ ਕੀਤੀ।

---------------------------------------------------------------

ਸੂਖਮ, ਲਘੂ ਅਤੇ ਦਰਮਿਆਨੇ ਉਦਮ ਮੰਤਰਾਲੇ, ਭਾਰਤ ਸਰਕਾਰ ਨੇ ਉੱਤਰੀ ਖੇਤਰ ਦੇ  ਦ ਐਸੋਸੀਏਟਿਡ ਚੈਂਬਰਜ਼ ਆਫ਼ ਕਾਮਰਸ ਐਂਡ ਇੰਡਸਟਰੀ ਆਫ਼ ਇੰਡੀਆ ਦੇ ਨਾਲ ਮਿਲ ਕੇ ਅੱਜ ਜਲੰਧਰ ਵਿਖੇ ਉੱਦਮੀ ਜਾਗਰੂਕਤਾ ਅਤੇ ਵਿਸ਼ੇਸ਼ ਵਿਕ੍ਰੇਤਾ ਵਿਕਾਸ ਪ੍ਰੋਗਰਾਮ ਦਾ ਆਯੋਜਨ ਕੀਤਾ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਰਾਸ਼ਟਰੀ ਐਸ.ਸੀ.-ਐਸ.ਟੀ. ਹੱਬ (NSSH) ਸਕੀਮ ਸਮੇਤ ਭਾਰਤ ਸਰਕਾਰ ਦੇ ਇਸ ਮੰਤਰਾਲੇ ਦੀਆਂ ਵੱਖ-ਵੱਖ ਪਹਿਲਕਦਮੀਆਂ ਬਾਰੇ ਜਾਗਰੂਕਤਾ ਪੈਦਾ ਕਰਨਾ ਸੀ। ਜਲੰਧਰ ਜ਼ਿਲ੍ਹੇ ਅਤੇ ਆਲੇ-ਦੁਆਲੇ ਦੇ 100 ਤੋਂ ਵੱਧ ਮੌਜੂਦਾ ਅਤੇ ਉਤਸ਼ਾਹੀ ਐਸ.ਸੀ.-ਐਸ.ਟੀ. ਉੱਦਮੀਆਂ ਨੇ ਇਸ ਪ੍ਰੋਗਰਾਮ ਵਿੱਚ ਭਾਗ ਲਿਆ ਅਤੇ ਮੰਤਰਾਲੇ ਵੱਲੋਂ ਦਿੱਤੀਆਂ ਜਾਣ ਵਾਲੀਆਂ ਵੱਖ-ਵੱਖ ਯੋਜਨਾਵਾਂ ਬਾਰੇ ਵਿਆਪਕ ਜਾਣਕਾਰੀ ਪ੍ਰਾਪਤ ਕੀਤੀ।

--------------------------------------------------

ਪੰਜਾਬ ਭਾਸ਼ਾ ਵਿਭਾਗ ਨੇ ਪਟਿਆਲਾ ਭਾਸ਼ਾ ਭਵਨ ਵਿਖੇ ਗਿਆਨੀ ਸੋਹਣ ਸਿੰਘ ਸੀਤਲ ਯਾਦਗਾਰੀ ਢਾਡੀ ਸਮਾਗਮ ਕਰਵਾਇਆ। ਇਸ ਮੌਕੇ ਪੰਜਾਬ ਵਿਧਾਨ ਸਭਾ ਦੇ ਸਪੀਕਰ  ਕੁਲਤਾਰ ਸਿੰਘ ਸੰਧਵਾਂ ਨੇ ਮੁੱਖ ਮਹਿਮਾਨ ਵਜੋਂ ਸ਼ਾਮਲ ਹੁੰਦਿਆਂ ਕਿਹਾ ਕਿ ਢਾਡੀ ਕਲਾ ਪੰਜਾਬ ਦੇ ਇਤਿਹਾਸ ਨੂੰ ਸੇਧ ਦੇਣ ਵਾਲੀ ਮਾਣਮੱਤੀ ਕਲਾ ਏ । ਸਮਾਗਮ ਦੌਰਾਨ ਉੱਘੇ ਢਾਡੀ ਜੱਥਿਆਂ ਨੇ ਆਪਣੀਆਂ ਪੇਸ਼ਕਾਰੀਆਂ ਰਾਹੀਂ ਸਵਰਗੀ ਸੀਤਲ ਦੀ ਰਚਨਾਵਾਂ ਦਾ ਗਾਇਨ ਕੀਤਾ। ਸਪੀਕਰ ਨੇ ਕਿਹਾ ਕਿ ਸਾਡੀ ਵਿਰਾਸਤ ਬਹੁਤ ਅਮੀਰ ਏ ਤੇ ਇਸ ਨੂੰ ਸੰਭਾਲਣ ਲਈ ਭਾਸ਼ਾ ਵਿਭਾਗ ਵਰਗੇ ਅਦਾਰਿਆਂ ਨੂੰ ਵਧ-ਚੜ੍ਹ ਕੇ ਯੋਗਦਾਨ ਪਾਉਣਾ ਚਾਹੀਦਾ ਏ । ਭਾਸ਼ਾਵਾਂ ਬਾਰੇ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਨੇ ਕਿਹਾ ਕਿ ਗਿਆਨੀ ਸੋਹਣ ਸਿੰਘ ਸੀਤਲ ਦੀ ਸ਼ਖ਼ਸੀਅਤ ਅਨੇਕ ਰੂਪਾਂ ਵਿਚ ਢਾਡੀ ਕਲਾ, ਇਤਿਹਾਸਕਾਰੀ, ਗੀਤਕਾਰੀ, ਨਾਵਲਕਾਰੀ  ਸ਼ਾਮਿਲ ਸਨ।  ਅਜਿਹੀ ਪ੍ਰਤਿਭਾ ਨੂੰ ਯਾਦ ਕਰਨ ਅਤੇ ਨਵੀਂ ਪੀੜ੍ਹੀ ਨੂੰ ਜਾਣੂ ਕਰਵਾਉਣ ਲਈ ਅਜਿਹੇ ਸਮਾਗਮ ਕਰਵਾਉਣੇ ਸਾਡਾ ਫਰਜ਼ ਬਣਦਾ ਏ । ਇਸ ਮੌਕੇ ਭਾਸ਼ਾ ਵਿਭਾਗ ਦੀਆਂ ਪਿਛਲੇ ਵਰ੍ਹੇ ਦੀਆਂ ਸਰਗਰਮੀਆਂ ਤੇ ਪ੍ਰਾਪਤੀਆਂ ’ਤੇ ਅਧਾਰਤ ਪੁਸਤਕ ‘ਸਾਲ ਦੇ

ਸਫ਼ੇ' ਵੀ ਲੋਕ ਅਰਪਣ ਕੀਤੀ ਗਈ। ਮਹਿਮਾਨਾਂ ਤੇ ਢਾਡੀ ਜਥਿਆਂ ਨੂੰ ਵਿਭਾਗੀ ਸ਼ਾਲਾਂ ਤੇ ਪੁਸਤਕਾਂ ਦੇ ਸੈੱਟ ਦੇ ਕੇ ਸਨਮਾਨਿਤ ਕੀਤਾ ਗਿਆ।

---------------------------------------------------

ਕ੍ਰਿਕੇਟ ਵਿੱਚ, ਸ਼੍ਰੀਲੰਕਾ ਨੇ ਕੋਲੰਬੋ ਵਿੱਚ ਭਾਰਤ ਖਿਲਾਫ ਖੇਡੇ ਜਾ ਰਹੇ ਦੂਜੇ ਅਤੇ ਆਖਰੀ ਟੈਸਟ ਮੈਚ ਦੇ ਤੀਜੇ ਦਿਨ ਦੀ ਖੇਡ ਖ਼ਤਮ ਹੋਣ ਤੱਕ, ਆਪਣੀ ਪਹਿਲੀ ਪਾਰੀ ਵਿੱਚ, 8 ਵਿਕਟਾਂ ਦੇ ਨੁਕਸਾਨ 'ਤੇ 265 ਦੌੜਾਂ ਬਣਾ ਲਈਆਂ ਨੇ। ਸ਼੍ਰੀਲੰਕਾ ਭਾਰਤ ਤੋਂ 238 ਦੌੜਾਂ ਪਿੱਛੇ ਏ। ਇਸ ਤੋਂ ਪਹਿਲਾਂ, ਭਾਰਤ ਨੇ ਆਪਣੀ ਪਹਿਲੀ ਪਾਰੀ ਵਿੱਚ, 9 ਵਿਕਟਾਂ 'ਤੇ 503 ਦੌੜਾਂ ਬਣਾਈਆਂ। ਦੂਜੇ ਦਿਨ, ਧਰੁਵ ਜੁਰੇਲ ਨੇ ਆਪਣੇ ਟੈਸਟ ਕਰੀਅਰ ਦਾ ਦੂਜਾ ਸੈਂਕੜਾ ਲਗਾਇਆ। ਭਾਰਤ ਨੇ ਪਹਿਲਾ ਟੈਸਟ ਮੈਚ 165 ਦੌੜਾਂ ਨਾਲ ਜਿੱਤਿਆ ਸੀ ਅਤੇ ਦੋ ਮੈਚਾਂ ਦੀ ਲੜੀ ਵਿੱਚ 1-0 ਨਾਲ ਅੱਗੇ ਏ।

---------------------------------------------------

- ਡਿਜੀਟਲ ਅਦਾਇਗੀ ਦੀ ਕਾਇਆ ਕਲਪ ਕਰਦਿਆਂ, ਯੂਨੀਫਾਈਡ ਪੇਮੈਂਟਸ ਇੰਟਰਫੇਸ (UPI) ਨੇ 10 ਸਾਲ ਪੂਰੇ ਕੀਤੇ -ਪ੍ਰਧਾਨ ਮੰਤਰੀ ਨਰੇਂਦਰ ਮੋਦੀ

ਨੇ ਕਿਹਾ -ਹਰ ਭਾਰਤੀ ਨੂੰ ਦੇਸ਼ ਦੀ ਇਸ ਡਿਜੀਟਲ ਕ੍ਰਾਂਤੀ 'ਤੇ ਮਾਣ ਹੋਣਾ ਚਾਹੀਦਾ ਏ।

- ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਨਾਲ ਨੌਜੁਆਨਾਂ ਦੀਆਂ ਰੋਜ਼ਾਨਾ ਹੋ ਰਹੀਆਂ ਮੌਤਾਂ ਵੱਡੀ ਚਿੰਤਾ ਦਾ ਵਿਸ਼ਾ ਏ ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ - ਸੂਬੇ ਵਿੱਚ ਖੰਡ ਦੀ ਕੋਈ ਘਾਟ ਨਹੀਂ, ਸਰਕਾਰ ਨੇ ਭੰਡਾਰ ਅਤੇ ਸਪਲਾਈ ’ਤੇ ਨਿਰੰਤਰ ਨਜ਼ਰ ਰੱਖੀ ਰਹੀ ਏ ।
- ਪੰਜਾਬ ਸਰਕਾਰ ਵਲੋਂ ਬਿਜਲੀ ਖਪਤਕਾਰਾਂ ਲਈ ਵੱਡੀ ਰਾਹਤ ਦਾ ਐਲਾਨ -ਮੀਟਰ ਰੀਡਰਾਂ ਦੀ ਹੜਤਾਲ ਦੌਰਾਨ ਆਰਜ਼ੀ ਬਿੱਲਿੰਗ ਤੋਂ ਪ੍ਰਭਾਵਿਤ ਖਪਤਕਾਰਾਂ ਨੂੰ 300 ਯੂਨਿਟ ਮੁਫ਼ਤ ਬਿਜਲੀ ਲਾਭ ਮਿਲੇਗਾ।
- ਸ਼੍ਰੀਲੰਕਾ ਨੇ ਕੋਲੰਬੋ ਵਿੱਚ ਭਾਰਤ ਖਿਲਾਫ ਖੇਡੇ ਜਾ ਰਹੇ ਦੂਜੇ ਅਤੇ ਆਖਰੀ ਕ੍ਰਿਕੇਟ ਟੈਸਟ ਮੈਚ ਦੇ ਤੀਜੇ ਦਿਨ ਦੀ ਖੇਡ ਖ਼ਤਮ ਹੋਣ ਤੱਕ, 8 ਵਿਕਟਾਂ ਦੇ ਨੁਕਸਾਨ 'ਤੇ 265 ਦੌੜਾਂ ਬਣਾਈਆਂ ।

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ,**

**ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗ 7.30**

**ਨਮਸਕਾਰ**